**Orders of Station Allotment, Junior Scale Stenographer 01/2022**

## ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ, ਐਸ.ਏ.ਐਸ. ਨਗਰ
## ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ. ਨਗਰ
## (ਦਫਤਰੀ ਅਮਲਾ ਸ਼ਾਖਾ)

**ਹੁਕਮ ਨੰ.** ਈ-651738/ **DPISE-ME0ESTB/24/2024**- ਦਅ(2)

**ਮਿਤੀ: 21.02.2024**

1.0 ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵੱਲੋਂ ਜੂਨੀਅਰ ਸਕੇਲ ਸਟੈਨੋਗਰਾਫਰ (ਖੇਤਰੀ ਦਫਤਰ) ਭਰਨ ਲਈ ਇਸ਼ਤਿਹਾਰ ਨੰਬਰ 01/2022 ਦਿੱਤਾ ਗਿਆ ਸੀ। ਇਸ ਉਪਰੰਤ ਸਿਲੈਕਟ ਹੋਏ ਉਮੀਦਵਾਰ ਨੂੰ ਦਸਤਾਵੇਜ਼ਾਂ ਦੀ ਸਕਰੂਟਨੀ ਕਰਾਉਣ ਅਤੇ ਨਿਯੁਕਤੀ ਪੱਤਰ/ ਪੇਸ਼ਕਸ਼ ਪੱਤਰ ਜਾਰੀ ਕਰਨ ਸਬੰਧੀ ਮਿਤੀ 20.02.2024 ਨੂੰ ਵਿਭਾਗ ਵਿਖੇ ਬੁਲਾਇਆ ਗਿਆ ਸੀ। ਉਮੀਦਵਾਰ ਨੂੰ ਮਿਤੀ 20.02.2024 ਨੂੰ ਦਸਤਾਵੇਜ਼ਾਂ ਦੀ ਸਕਰੂਟਨੀ ਕਰਨ ਉਪਰੰਤ ਨਿਯੁਕਤੀ/ਪੇਸ਼ਕਸ਼ ਪੱਤਰ ਜਾਰੀ ਕਰਦੇ ਹੋਏ ਸਟੇਸ਼ਨ ਚੋਣ ਕਰਵਾਈ ਜਾ ਚੁੱਕੀ ਹੈ।

2.0 ਇਸ ਨਵ ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਨੂੰ ਜਾਰੀ ਨਿਯੁਕਤੀ ਪੱਤਰ ਦੀ ਲਗਾਤਾਰਤਾ ਵਿੱਚ ਹੁਣ ਉਸ ਦੇ ਨਾਮ ਸਾਹਮਣੇ ਦਰਸਾਇਆ ਗਿਆ ਸਟੇਸ਼ਨ ਹੇਠ ਲਿਖੇ ਅਨੁਸਾਰ ਅਲਾਟ ਕੀਤਾ ਜਾਂਦਾ ਹੈ:-

| Sr. no. | Application Number | Name/ Father's Name | Category Name | selection category | Office allotted |
|---|---|---|---|---|---|
| 1 | PSSSBJ01002256 | SALWINDER SINGH S/D/o MANGAT RAM | GENERAL | OPEN | DEO (SE) FARIDKOT |

3.0 ਜੂਨੀਅਰ ਸਕੇਲ ਸਟੈਨੋਗਰਾਫਰ ਦੀ ਭਰਤੀ ਨਾਲ ਸਬੰਧਤ ਵੱਖ ਵੱਖ ਅਦਾਲਤਾਂ ਵਿੱਚ ਚਲ ਰਹੇ ਕੋਰਟ ਕੇਸਾਂ ਦੇ ਭਵਿੱਖ ਵਿੱਚ ਆਉਣ ਵਾਲੇ ਫੈਸਲੇ ਇਸ ਨਿਯੁਕਤੀ ਤੇ ਲਾਗੂ ਹੋਣਗੇ।

4.0 ਉਪਰੋਕਤ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਨੂੰ ਆਪਣੇ ਤਾਇਨਾਤੀ ਵਾਲੇ ਸਥਾਨ ਤੇ ਹਾਜ਼ਰ ਹੋਣ ਸਬੰਧੀ 10 ਦਿਨਾਂ ਦਾ ਸਮਾਂ ਦਿੱਤਾ ਜਾਂਦਾ ਹੈ ਅਤੇ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਤਾਇਨਾਤੀ ਵਾਲੇ ਸਥਾਨ ਤੇ ਮੈਡੀਕਲ ਫਿਟਨੈਸ ਸਰਟੀਫਿਕੇਟ ਦਿੰਦੇ ਹੋਏ ਆਪਣੀ ਹਾਜ਼ਰੀ ਰਿਪੋਰਟ ਸਬੰਧਤ ਦਫਤਰ ਮੁੱਖੀ ਨੂੰ ਪੇਸ਼ ਕਰਨਗੇ। ਉਸ ਦੀ ਤਨਖਾਹ ਦਫਤਰ ਵਿੱਚ ਹਾਜ਼ਰੀ ਦੀ ਮਿਤੀ ਤੋਂ ਮਿਲਣਯੋਗ ਹੋਵੇਗੀ।

5.0 ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਦਫਤਰ ਵਿੱਚ ਹਾਜ਼ਰ ਹੋਣ ਤੋਂ ਪਹਿਲਾਂ ਇਸ ਭਰਤੀ ਨਾਲ ਸਬੰਧਤ ਦਸਤਾਵੇਜ਼ਾਂ ਦੀ ਫਾਈਲ (ਫੋਟੋਕਾਪੀਆਂ) ਤਿਆਰ ਕਰਕੇ ਦਫਤਰ ਵਿਖੇ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣਗੇ।

6.0 ਉਪਰੋਕਤ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਦਫਤਰ ਵਿੱਚ ਹਾਜ਼ਰ ਹੋਣ ਸਮੇਂ ਆਪਣੇ ਨਾਲ ਅਪਲਾਈ ਕਰਨ ਦਾ ਸਬੂਤ, ਅਸਲ ਆਧਾਰ ਕਾਰਡ ਅਤੇ ਅਸਲ ਨਿਯੁਕਤੀ ਪੱਤਰ ਦੀ ਕਾਪੀ ਵੀ ਲੈ ਕੇ ਜਾਣਗੇ।

7.0 ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਵੱਲੋਂ ਆਪਣੀ ਹਾਜ਼ਰੀ ਰਿਪੋਰਟ ਵੱਖਰੇ ਤੌਰ ਤੇ ਡਾਇਰੈਕਟੋਰੇਟ ਨੂੰ ਨਹੀਂ ਭੇਜੀ ਜਾਵੇਗੀ।

8.0 ਉਪਰੋਕਤ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਆਪਣੀ ਹਾਜ਼ਰੀ ਉਪਰੰਤ ਆਪਣਾ ਸਾਰਾ ਡਾਟਾ ਈ-ਪੰਜਾਬ ਪੋਰਟਲ ਤੇ 3 ਦਿਨਾਂ ਦੇ ਅੰਦਰ ਅੰਦਰ ਅਪਲੋਡ ਕਰਨਾ ਯਕੀਨੀ ਬਣਾਉਣਗੇ। ਡਾਇਰੈਕਟੋਰੇਟ ਵੱਲੋਂ ਕਰਮਚਾਰੀ ਦੀ ਹਾਜ਼ਰੀ ਸਬੰਧੀ ਰਿਪੋਰਟ ਈ-ਪੰਜਾਬ ਪੋਰਟਲ ਤੋਂ ਹੀ ਪ੍ਰਾਪਤ ਕੀਤੀ ਜਾਵੇਗੀ। ਜੇਕਰ ਕਰਮਚਾਰੀ ਵੱਲੋਂ ਆਪਣਾ ਡਾਟਾ ਈ-ਪੰਜਾਬ

ਪੋਰਟਲ ਤੇ 3 ਦਿਨ ਦੇ ਅੰਦਰ ਅੰਦਰ ਅਪਲੋਡ ਨਹੀਂ ਕੀਤਾ ਜਾਂਦਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਨੌਕਰੀ ਕਰਨ ਵਿੱਚ ਰੁਚੀ ਨਹੀਂ ਰੱਖਦਾ/ਰੱਖਦੀ, ਇਸ ਲਈ ਉਸ ਨੂੰ ਗੈਰਹਾਜ਼ਰ ਸਮਝਦੇ ਹੋਏ ਉਸ ਦੀਆਂ ਸੇਵਾਵਾਂ ਖਤਮ ਕਰਨ ਲਈ ਕਾਰਵਾਈ ਆਰੰਭੀ ਜਾਵੇਗੀ।

9.0 ਬਾਕੀ ਸ਼ਰਤਾਂ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਨੂੰ ਜਾਰੀ ਨਿਯੁਕਤੀ ਪੱਤਰ ਵਾਲੀਆਂ ਹੀ ਲਾਗੂ ਹੋਣਗੀਆਂ।

**ਪਰਮਜੀਤ ਸਿੰਘ, ਪੀ.ਸੀ.ਐਸ.**
**ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ**

ਪਿੱਠ ਅੰਕਣ ਨੰ.: ਉਕਤ/ **202452849** ਮਿਤੀ, ਐਸ.ਏ.ਐਸ. ਨਗਰ: 26.02.2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।
2. ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਤੋਂ ਇਸ ਭਰਤੀ ਨਾਲ ਸਬੰਧਤ ਦਸਤਾਵੇਜ਼ (ਮੈਡੀਕਲ ਫਿਟਨੈਸ ਰਿਪੋਰਟ, ਕੈਟਾਗਰੀ ਸਬੰਧੀ ਸਰਟੀਫਿਕੇਟ, ਵਿਦਿਅਕ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼) ਪ੍ਰਾਪਤ ਕਰਨ ਉਪਰੰਤ ਹੀ ਸਬੰਧਤ ਦਫਤਰ ਵਿੱਚ ਹਾਜ਼ਰ ਕਰਵਾਇਆ ਜਾਵੇ।
3. ਸਬੰਧਤ ਦਫਤਰ ਮੁੱਖੀ ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਸ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਨੂੰ ਹਾਜ਼ਰ ਕਰਵਾਉਣ ਸਮੇਂ ਹੇਠ ਲਿਖੀਆਂ ਹਦਾਇਤਾਂ ਦੀ ਪਾਲਣਾ ਕਰਨਗੇ:-
   - ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਦਾ ਮੈਡੀਕਲ ਫਿਟਨੈਸ ਸਰਟੀਫਿਕੇਟ ਚੈਕ ਕਰਨਗੇ ਅਤੇ ਫਿਟ ਪਾਏ ਜਾਣ ਉਪਰੰਤ ਹੀ ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਨੂੰ ਜੁਆਇੰਨ ਕਰਵਾਉਣਗੇ।
   - ਨਵ-ਨਿਯੁਕਤ ਜੂਨੀਅਰ ਸਕੇਲ ਸਟੈਨੋਗਰਾਫਰ ਦੇ ਵਿਦਿਅਕ ਯੋਗਤਾ ਸਬੰਧੀ ਮੁਕੰਮਲ ਦਸਤਾਵੇਜ਼, ਕੈਟਾਗਰੀ ਨਾਲ ਸਬੰਧਤ ਦਸਤਾਵੇਜ਼ ਅਤੇ ਇਸ ਸਿਲੈਕਸ਼ਨ ਸਬੰਧੀ ਵੇਰਵੇ ਬਾਰਿਕੀ ਨਾਲ ਚੈਕ ਕਰਨਗੇ ਅਤੇ ਤੁਰੰਤ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਵੈਰੀਫਾਈ ਕਰਵਾਉਣਗੇ। ਦਸਤਾਵੇਜ਼ ਵੈਰੀਫਿਕੇਸ਼ਨ ਉਪਰੰਤ ਜੇਕਰ ਕਰਮਚਾਰੀ ਦੀ ਰਿਪੋਰਟ ਠੀਕ ਨਹੀਂ ਪਾਈ ਜਾਂਦੀ ਤਾਂ ਇਸ ਸਬੰਧੀ ਸਬੰਧਤ ਕਰਮਚਾਰੀ ਦੀ ਰਿਪੋਰਟ ਮੁੱਖ ਦਫਤਰ ਨੂੰ ਭੇਜਣੀ ਯਕੀਨੀ ਬਣਾਉਣਗੇ।
   - ਇਹਨਾਂ ਨੂੰ ਹਾਜ਼ਰ ਕਰਵਾਉਣ ਉਪਰੰਤ ਇਹਨਾਂ ਦਾ ਡਾਟਾ ਈ-ਪੰਜਾਬ ਪੋਰਟਲ ਤੇ ਅਪਲੋਡ ਕਰਵਾਉਣਾ ਯਕੀਨੀ ਬਣਾਉਣਗੇ।
4. ਸਬੰਧਤ ਕਰਮਚਾਰੀ।

**ਸਹਾਇਕ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ)**
**(ਦਫਤਰੀ ਅਮਲਾ ਸ਼ਾਖਾ)**